# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 pm**

**ਮਿਤੀ: 22-04-2025**

- ਉਪ ਰਾਸ਼ਟਰਪਤੀ, ਜਗਦੀਪ ਧਨਖੜ ਨੇ ਕਿਹਾ ਏ ਕਿ ਸੰਵਿਧਾਨ ਦੇ ਮਜ਼ਮੂਨ ਨੂੰ ਤੈਅ ਕਰਨ ਵਿੱਚ, ਚੁਣੇ ਹੋਏ ਨੁਮਾਇੰਦੇ ਸਰਬਉੱਚ ਮਾਹਿਰ ਨੇ।
- ਅੱਜ ਵਿਸ਼ਵ ਧਰਤੀ ਦਿਵਸ ਏ। ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਧਰਤੀ ਦੀ ਰੱਖਿਆ ਅਤੇ ਸੁਧਾਰ ਦੀ ਲੋੜ 'ਤੇ ਜ਼ੋਰ ਦਿੱਤਾ ਏ ।
- ਸੂਬਾ ਸਰਕਾਰ ਵੱਲੋਂ, ਮਾਲੀ ਸਾਲ 2025-26 ਲਈ ਦਰਜਾ-4 (ਗਰੁੱਪ-ਡੀ) ਦੇ ਮੁਲਾਜ਼ਮਾਂ ਲਈ ਕਣਕ ਖਰੀਦਣ ਵਾਸਤੇ, ਵਿਆਜ ਮੁਕਤ ਕਰਜ਼ਾ, ਵਧਾ ਕੇ 9 ਹਜ਼ਾਰ 700 ਰੁਪਏ ਕਰ ਦਿੱਤਾ ਗਿਆ ਏ ।
- ਸੂਬੇ ਦੇ ਮਾਲ ਵਿਭਾਗ ਵਿੱਚ ਚੱਲ ਰਹੇ ਸੁਧਾਰਾਂ ਦੇ ਸੰਬੰਧ'ਚ 56 ਤਹਿਸੀਲਦਾਰ ਅਤੇ 166 ਨਾਇਬ ਤਹਿਸੀਲਦਾਰਾਂ ਦੇ ਤਬਾਦਲੇ ਕੀਤੇ ਗਏ ਨੇ.

- ਬਿਜਲੀ ਮੰਤਰੀ ਹਰਭਜਨ ਸਿੰਘ ਈਟੀਓ ਨੇ ਐਲਾਨ ਕੀਤਾ ਏ ਕਿ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ ਜਲਦੀ ਹੀ ਖੇਡ ਕੋਟੇ ਤਹਿਤ ਨਵੀਂਆਂ ਭਰਤੀਆਂ ਸ਼ੁਰੂ ਕਰੇਗਾ।

---------------------------------------------------------------------------

ਉਪ ਰਾਸ਼ਟਰਪਤੀ ਜਗਦੀਪ ਧਨਖੜ ਨੇ ਕਿਹਾ ਏ ਕਿ ਸੰਵਿਧਾਨ ਦੇ ਮਜ਼ਮੂਨ ਨੂੰ ਤੈਅ ਕਰਨ ਵਿੱਚ, ਚੁਣੇ ਹੋਏ ਨੁਮਾਇੰਦੇ ਸਰਬਉੱਚ ਮਾਹਿਰ ਨੇ। ਦਿੱਲੀ ਯੂਨੀਵਰਸਿਟੀ ਵਿਖੇ ਇੱਕ ਸਮਾਰੋਹ ਨੂੰ ਸੰਬੋਧਨ ਕਰਦਿਆਂ, ਉਪ ਰਾਸ਼ਟਰਪਤੀ ਨੇ ਜ਼ੋਰ ਦੇ ਕੇ ਕਿਹਾ ਕਿ ਸੰਸਦ ਸਰਬਉੱਚ ਏ ਅਤੇ ਸੰਵਿਧਾਨ ਤੋਂ ਉੱਪਰ ਕਿਸੇ ਦੀ ਕਲਪਨਾ ਵੀ ਨਹੀਂ ਕੀਤੀ ਗਈ ਏ। ਉਪ ਰਾਸ਼ਟਰਪਤੀ ਨੇ ਕਿਹਾ ਕਿ ਭਾਰਤ ਦੇ ਲੋਕਾਂ ਨੇ ਸੰਵਿਧਾਨ ਤਹਿਤ ਆਪਣੇ ਨੁਮਾਇੰਦਿਆਂ ਨੂੰ ਉਨ੍ਹਾਂ ਦੇ ਪ੍ਰਗਟਾਵੇ ਅਤੇ ਇੱਛਾ ਨੂੰ ਦਰਸਾਉਣ ਲਈ ਚੁਣਿਆ ਏ ਅਤੇ ਲੋਕ ਇਹਨਾਂ ਨੁਮਾਇੰਦਿਆਂ ਨੂੰ ਚੋਣਾਂ ਦੌਰਾਨ ਜਵਾਬਦੇਹ ਠਹਿਰਾਉਂਦੇ ਨੇ।

---------------------------------------------------------------------------

ਪੋਪ ਫਰਾਂਸਿਸ ਦੀਆਂ ਅੰਤਿਮ ਰਸਮਾਂ ਸ਼ਨੀਵਾਰ ਨੂੰ ਰੋਮ ਵਿੱਚ ਹੋਣਗੀਆਂ। ਇਸ ਵਿਚ ਦੁਨੀਆ ਭਰ ਤੋਂ ਨੇਤਾ ਅਤੇ ਪਤਵੰਤੇ ਸ਼ਾਮਲ ਹੋਣਗੇ। ਪੋਪ ਦੇ ਤਾਬੂਤ ਨੂੰ ਭਲਕੇ ਵੈਟੀਕਨ ਸਿਟੀ ਦੇ ਸੇਂਟ ਪੀਟਰਜ਼ Basilica ਵਿੱਚ ਲੋਕਾਂ ਦੇ ਦਰਸ਼ਨਾਂ ਲਈ ਲਿਜਾਇਆ ਜਾਵੇਗਾ।

ਪੋਪ ਫਰਾਂਸਿਸ ਦਾ ਕੱਲ੍ਹ 88 ਸਾਲ ਦੀ ਉਮਰ ਵਿੱਚ, ਵੈਟੀਕਨ ਸਿਟੀ ਸਥਿਤ ਆਪਣੇ ਨਿਵਾਸ ਅਸਥਾਨ 'ਤੇ ਦੇਹਾਂਤ ਹੋ ਗਿਆ।

---------------------------------------------------------------------------

ਅੱਜ ਵਿਸ਼ਵ ਧਰਤੀ ਦਿਵਸ ਏ। ਇਹ ਦਿਨ ਚੁਗਿਰਦੇ ਦੀ ਸੁਰੱਖਿਆ ਦੇ ਉਪਰਾਲਿਆਂ ਦੀ ਹਮਾਇਤ ਕਰਨ ਲਈ, ਦੁਨੀਆ ਭਰ ਵਿੱਚ ਮਨਾਇਆ ਜਾ ਰਿਹਾ ਏ। ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਇਸ ਮੌਕੇ ਲੋਕਾਂ ਨੂੰ ਵਧਾਈ ਦਿੱਤੀ ਏ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਉਨ੍ਹਾਂ ਕਿਹਾ ਕਿ ਧਰਤੀ ਮਾਤਾ ਜੀਵਨ ਦੇ ਨਾਲ – ਨਾਲ ਵਿਕਾਸ ਲਈ ਜ਼ਰੂਰੀ, ਚੁਗਿਰਦਾ ਪ੍ਰਣਾਲੀ ਦਾ ਪਾਲਣ ਪੋਸ਼ਣ ਕਰਦੀ ਏ। ਸ੍ਰੀ ਸ਼ਾਹ ਨੇ ਧਰਤੀ ਦੀ ਰੱਖਿਆ ਅਤੇ ਸੁਧਾਰ ਦੀ ਲੋੜ 'ਤੇ ਵੀ ਜ਼ੋਰ ਦਿੱਤਾ।

**ਪੇਸ਼ ਏ ਇਕ REPORT - V/C**

*ਸਾਲ 1969 ਵਿੱਚ ਯੂਨੈਸਕੋ ਸੰਮੇਲਨ ਵਿੱਚ ਸੁਝਾਅ ਦਿੱਤੇ ਜਾਣ ਤੋਂ ਬਾਅਦ, ਪਹਿਲਾ ਧਰਤੀ ਦਿਵਸ 1970 ਵਿੱਚ ਮਨਾਇਆ ਗਿਆ ਸੀ। ਇਸ ਸਾਲ ਦੇ ਧਰਤੀ ਦਿਵਸ ਦਾ ਵਿਸ਼ਾ - "ਸਾਡੀ ਸ਼ਕਤੀ, ਸਾਡਾ ਗ੍ਰਹਿ" ਰੱਖਿਆ ਗਿਆ ਏ । ਇਸ ਦਿਨ ਦਾ ਉਦੇਸ਼ ਚੁਗਿਰਦੇ ਸੰਬੰਧੀ ਮੁੱਦਿਆਂ ਬਾਰੇ ਜਾਗਰੂਕਤਾ ਪੈਦਾ ਕਰਨਾ ਅਤੇ ਧਰਤੀ ਦੀ ਰੱਖਿਆ ਲਈ, ਕਾਰਵਾਈ ਕਰਨ ਲਈ ਪ੍ਰੇਰਿਤ ਕਰਨਾ ਏ।*

***ਇਸ ਮੌਕੇ ਪੰਜਾਬ ਦੇ ਭੂਮੀ ਅਤੇ ਜਲ ਸੰਭਾਲ ਵਿਭਾਗ ਵਿਚ ਉਪ ਮੰਡਲ ਭੂਮੀ ਰੱਖਿਆ ਅਫਸਰ ਲੁਪਿੰਦਰ ਕੁਮਾਰ ਨੇ ਸਰਕਾਰ ਵਲੋਂ ਕੀਤੇ ਜਾ ਰਹੇ ਉਪਰਾਲਿਆਂ ਦਾ ਜ਼ਿਕਰ ਕਰਦਿਆਂ ਕਿਹਾ -***

***_Byte***

*ਇਸ ਦੌਰਾਨ ਪੁਸ਼ਪਾ ਗੁਜਰਾਲ ਸਾਇੰਸ ਸਿਟੀ ਵੱਲੋਂ ਧਰਤੀ ਦਿਵਸ ‘ਤੇ ਇਕ ਪ੍ਰੋਗਰਾਮ ਕਰਾਇਆ ਗਿਆ। 150 ਤੋਂ ਵੱਧ ਵਿਦਿਆਰਥੀਆਂ ਅਤੇ ਅਧਿਆਪਕਾ ਨੇ ਪ੍ਰੋਗਰਾਮ ਵਿੱਚ ਹਿੱਸਾ ਲਿਆ। ਪੇਂਟਿੰਗ ਅਤੇ ਰਹਿੰਦ-ਖੂਹੰਦ ਤੋਂ ਚੰਗੀਆਂ ਵਰਤੋਂ ਵਾਲੀਆਂ ਚੀਜਾਂ ਬਣਾਉਣ ਵਰਗੇ ਮੁਕਾਬਲਿਆਂ ਰਾਹੀਂ ਬੱਚਿਆਂ ਨੇ ਚੁਗਿਰਦੇ ਦੀ ਸਾਂਭ-ਸੰਭਾਲ ਦਾ ਸੱਦਾ ਦਿੱਤਾ।*

*ਜਲੰਧਰ ਤੋਂ ਅਕਾਸ਼ਵਣੀ ਖਬਰਾਂ ਲਈ ਮਈ ਕਾਜਲ*

---------------------------------------------------------------------------------

ਪੰਜਾਬ ਦੇ ਖਜ਼ਾਨਾ ਮੰਤਰੀ, ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਅੱਜ ਐਲਾਨ ਕੀਤਾ ਏ ਕਿ ਸੂਬਾ ਸਰਕਾਰ ਵੱਲੋਂ, ਮਾਲੀ ਸਾਲ 2025-26 ਲਈ ਦਰਜਾ-4 (ਗਰੁੱਪ-ਡੀ) ਦੇ ਮੁਲਾਜ਼ਮਾਂ ਲਈ ਕਣਕ ਖਰੀਦਣ ਵਾਸਤੇ, ਵਿਆਜ ਮੁਕਤ ਕਰਜ਼ਾ, ਵਧਾ ਕੇ 9 ਹਜ਼ਾਰ 700 ਰੁਪਏ ਕਰ ਦਿੱਤਾ ਗਿਆ ਏ। ਇੱਕ ਪ੍ਰੈਸ ਬਿਆਨ ਰਾਹੀਂ ਇਹ ਜਾਣਕਾਰੀ ਦਿੰਦਿਆਂ, ਖਜ਼ਾਨਾ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਨੇ ਦਰਜਾ-4 ਮੁਲਾਜਮਾਂ ਲਈ ਇਸ ਅਹਿਮ ਮਾਲੀ ਸਹਾਇਤਾ ਵਿੱਚ ਲਗਾਤਾਰ ਵਾਧਾ ਕਰਦਿਆਂ, ਕਣਕ ਖਰੀਦਣ ਵਾਸਤੇ ਵਿਆਜ ਮੁਕਤ ਕਰਜ਼ੇ ਵਿੱਚ, ਪਿਛਲੇ ਤਿੰਨ ਸਾਲਾਂ ਦੌਰਾਨ 21.25 ਫੀਸਦੀ ਦਾ ਵਾਧਾ ਕੀਤਾ ਏ। ਮੰਤਰੀ ਨੇ ਕਿਹਾ ਕਿ ਦਰਜਾ-4 ਦੇ ਹਰੇਕ ਯੋਗ ਮੁਲਾਜ਼ਮ ਨੂੰ 9 ਹਜ਼ਾਰ 700 ਰੁਪਏ ਦਾ ਵਿਆਜ ਮੁਕਤ ਕਰਜ਼ਾ ਦਿੱਤਾ ਜਾਵੇਗਾ, ਜਿਸ ਨਾਲ ਉਹ ਮੌਜੂਦਾ ਸਰਕਾਰੀ ਦਰ 'ਤੇ 2 ਹਜ਼ਾਰ 425 ਰੁਪਏ ਪ੍ਰਤੀ ਕੁਇੰਟਲ, ਪ੍ਰਤੀ ਪਰਿਵਾਰ- ਚਾਰ ਕੁਇੰਟਲ ਦੇ ਹਿਸਾਬ ਨਾਲ ਕਣਕ ਦੀ ਖਰੀਦ ਕਰ

ਸਕਣਗੇ। ਉਨ੍ਹਾਂ ਕਿਹਾ ਕਿ ਪ੍ਰਵਾਨਿਤ ਰਕਮ, 29 ਮਈ, 2025 ਤੱਕ ਸੂਬਾ ਸਰਕਾਰ ਦੇ ਖਜ਼ਾਨੇ ਵਿੱਚੋਂ ਜਾਰੀ ਕਰ ਦਿੱਤੀ ਜਾਵੇਗੀ। ਖਜ਼ਾਨਾ ਮੰਤਰੀ ਨੇ ਕਿਹਾ ਕਿ ਵਿਆਜ ਰਹਿਤ ਕਣਕ ਦਾ ਕਰਜ਼ਾ, ਇੱਕ ਅਹਿਮ ਪਹਿਲਕਦਮੀ ਏ ਜੋ ਕਿ ਪੰਜਾਬ ਦੇ ਪ੍ਰਸ਼ਾਸਨ ਦੀ ਰੀੜ੍ਹ, ਦਰਜਾ-4 ਮੁਲਾਜ਼ਮਾਂ ਨੂੰ ਜ਼ਰੂਰੀ ਸਹਾਇਤਾ ਪ੍ਰਦਾਨ ਕਰਦੀ ਏ।

---

ਪੰਜਾਬ ਦੇ ਮਕਾਨ ਉਸਾਰੀ ਤੇ ਸ਼ਹਿਰੀ ਵਿਕਾਸ ਮੰਤਰੀ ਹਰਦੀਪ ਸਿੰਘ ਮੁੰਡੀਆਂ ਵੱਲੋਂ LUDHIANAN ਦੇ ਪਿੰਡ ਮਿਓਂਵਾਲ, ਕਡਿਆਣਾ ਕਲਾਂ ਅਤੇ ਵਲੀਪੁਰ ਦੇ ਸਰਕਾਰੀ ਸਕੂਲਾਂ ਵਿੱਚ ਸ਼ਿਕਰਤ ਕਰਦਿਆਂ ਸਿਖਿਆ ਕ੍ਰਾਂਤੀ ਤਹਿਤ ਵਿਕਾਸ ਕਾਰਜਾਂ ਦਾ ਰਸਮੀ ਉਦਘਾਟਨ ਕੀਤਾ ਗਿਆ . ਇਸ ਮੌਕੇ ਕੈਬਨਿਟ ਮੰਤਰੀ ਨੇ ਕਿਹਾ ਕਿ ਸਕੂਲਾਂ ਦਾ ਵੱਡੇ ਪੱਧਰ 'ਤੇ ਕਾਇਆ-ਕਲਪ ਕਰਵਾਇਆ ਜਾ ਰਿਹਾ ਏ ਤਾਂ ਜੋ ਸਰਕਾਰੀ ਸਕੂਲਾਂ ਦੇ ਵਿਦਿਆਰਥੀ ਵੀ ਨਿੱਜੀ ਸਕੂਲਾਂ ਦੇ ਵਿਦਿਆਰਥੀਆਂ ਦੇ ਹਾਣੀ ਬਣ ਸਕਣ। ਉਨ੍ਹਾਂ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਵਿਧਾਨ ਸਭਾ ਹਲਕਾ ਸਾਹਨੇਵਾਲ ਦੇ ਨਾਲ-ਨਾਲ ਪੰਜਾਬ ਭਰ ਦੇ ਸਾਰੇ ਸਰਕਾਰੀ ਸਕੂਲਾਂ ਵਿੱਚ ਬਿਹਤਰ ਬੁਨਿਆਦੀ ਢਾਂਚੇ ਨੂੰ ਯਕੀਨੀ ਬਣਾਇਆ ਜਾਵੇਗਾ। ਕੈਬਨਿਟ ਮੰਤਰੀ ਨੇ ਦੁਹਰਾਇਆ ਕਿ ਪੰਜਾਬ ਸਰਕਾਰ ਵਿਦਿਆਰਥੀਆਂ ਨੂੰ ਉੱਚ ਪੱਧਰੀ ਸਿੱਖਿਆ ਦੇਣ ਲਈ ਵਚਨਬੱਧ ਏ.

---

ਅਮ੍ਰਿਤਸਰ ਪੁਲਿਸ ਨੇ 4 ਨੌਜੁਆਨਾਂ ਨੂੰ ਗਿਰਫਤਾਰ ਕੀਤਾ ਏ ਤੇ ਓਹਨਾਂ ਕੋਲੋ 5 ਪਿਸਤੌਲ ਬਰਾਮਦ ਕੀਤੇ ਨੇ. ਇੱਕ ਖੁਫੀਆ ਸੂਹ ਦੇ ਅਧਾਰ 'ਤੇ ਨਾਕੇਬੰਦੀ ਦੌਰਾਨ ਇਹਨਾਂ ਨੌਜੁਆਨਾਂ ਨੂੰ ਗਿਰਫਤਾਰ ਕੀਤਾ ਗਿਆ .ਇਹਨਾਂ'ਤੇ ਵਖ ਵਖ ਥਾਣਿਆਂ 'ਚ ਮਾਮਲੇ ਦਰਜ ਨੇ ਜਿਹਨਾਂ 'ਚ ਇਰਾਦਤਨ ਕਤਲ ਲਈ ਦਰਜ 6 ਮਾਮਲੇ ਵੀ ਸ਼ਾਮਿਲ ਨੇ . ਜ਼ਿਲੇ ਦੇ ਪੁਲਿਸ ਕਮਿਸ਼ਨਰ ਗੁਰਪ੍ਰੀਤ ਭੁੱਲਰ ਨੇ ਦੱਸਿਆ ਏ ਕਿ ਗਿਰਫਤਾਰ ਕੀਤੇ ਗਏ ਵਿਅਕਤੀ ਕਿਸੇ ਦੇ ਕਤਲ ਦੀ ਯੋਜਨਾ ਬਣਾ ਰਹੇ ਸਨ -

**BYTE -**

ਇਹਨਾਂ ਤੋਂ ਪੁਛਗਿਛ ਜਾਰੀ ਏ ਅਤੇ ਇਹਨਾਂ ਦੇ ਸਾਥੀਆਂ ਨੂੰ ਵੀ ਫੜ੍ਹਨ ਲਈ ਛਾਪੇਮਾਰੀ ਕੀਤੀ ਜਾ ਰਹੀ ਏ.

---

ਸੂਬੇ ਦੇ ਮਾਲ ਵਿਭਾਗ ਵਿੱਚ ਚੱਲ ਰਹੇ ਸੁਧਾਰਾਂ ਦੇ ਸੰਬੰਧ'ਚ 56 ਤਹਿਸੀਲਦਾਰ ਅਤੇ 166 ਨਾਇਬ ਤਹਿਸੀਲਦਾਰਾਂ ਦੇ ਤਬਾਦਲੇ ਕੀਤੇ ਗਏ ਨੇ.ਇੱਕ ਬਿਆਨ ਵਿੱਚ ਮਾਲ ਤੇ ਮੁੜ ਵਸੇਬੇ ਬਾਰੇ ਮੰਤਰੀ, ਹਰਦੀਪ ਸਿੰਘ ਮੁੰਡੀਆ ਨੇ ਕਿਹਾ ਏ ਕਿ ਸਰਕਾਰ ਦੀ ਭ੍ਰਿਸ਼ਟਾਚਾਰ ਖ਼ਿਲਾਫ਼ ਬਿਲਕੁਲ ਵੀ ਬਰਦਾਸ਼ਤ ਨਾ ਕਰਨ ਦੀ ਨੀਤੀ ਏ

। ਨਾਲ ਹੀ ਸਰਕਾਰੀ ਦਫਤਰਾਂ ਵਿੱਚ ਲੋਕਾਂ ਨੂੰ ਕਿਸੇ ਤਰ੍ਹਾਂ ਦੀਆਂ ਸਮਸਿਆਵਾਂ ਦਰਪੇਸ਼ ਨਾ ਆਉਣ ਨੂੰ ਵੀ ਯਕੀਨੀ ਬਣਾਇਆ ਜਾਏਗਾ । ਉਨ੍ਹਾਂ ਕਿਹਾ ਕਿ ਮਾਲ ਵਿਭਾਗ ਨਾਲ ਸਬੰਧਤ ਦਫਤਰਾਂ ਵਿੱਚ ਲੋਕਾਂ ਦੀਆਂ ਸ਼ਿਕਾਇਤਾਂ ਮਿਲ ਰਹੀਆਂ ਸਨ ਜਿਹਨਾਂ ਦੇ ਮੱਦੇਨਜ਼ਰ ਘੋਖ ਕਰਨ ਤੋਂ ਬਾਅਦ ਇਹ ਕਾਰਵਾਈ ਕੀਤੀ ਗਈ ਏ. ਮੰਤਰੀ ਨੇ ਕਿਹਾ ਕਿ ਸਰਕਾਰ ਲੋਕਾਂ ਪੱਖੀ ਪ੍ਰਸ਼ਾਸਨ ਦੇਣ ਲਈ ਲਗਾਤਾਰ ਕੋਸ਼ਿਸ਼ ਕਰ ਰਹੀ ਏ ਤੇ ਭਵਿੱਖ ਵਿੱਚ ਵੀ ਕਿਸੇ ਕਿਸਮ ਦੀ ਕੋਈ ਸ਼ਿਕਾਇਤ ਮਿਲਣ’ਤੇ ਅਜਿਹੀ ਕਾਰਵਾਈ ਤੁਰੰਤ ਕੀਤੀ ਜਾਵੇਗੀ।

--------------------------------------------------------------------------------

ਲੁਧਿਆਣਾ ‘ਚ ਸਰਕਾਰੀ ਸਕੂਲ ਦੇ ਵਿਦਿਆਰਥੀਆਂ ਲਈ ਬਾਗਬਾਨੀ ਵਿਭਾਗ ਵੱਲੋਂ ਫੱਲ ਸੁਰੱਖਿਆ ਲੈਬਾਰਟਰੀ ਲੁਧਿਆਣਾ ਵਿਖੇ ਜਾਗਰੂਕਤਾ ਕੈਂਪ ਕਰਾਇਆ ਗਿਆ। ਸਰਕਾਰੀ ਸਕੂਲ ਦੇ ਵਿਦਿਆਰਥੀਆਂ ਨੂੰ ਫੱਲ ਅਤੇ ਸਬਜੀਆਂ ਦੀ ਪ੍ਰੋਸੈਸਿੰਗ, ਰਸਾਇਣ ਮੁਕਤ ਘਰੇਲੂ ਬਗੀਚੀ, ਫਰੂਟ ਨਿਊਟਰਿਸ਼ਨ ਗਾਰਡਨ ਅਤੇ ਹਰਬਲ ਗਾਰਡਨ ਤਰੀਕੇ ਨੂੰ ਸਕੂਲੀ ਅਤੇ ਘਰੇਲੂ ਪੱਧਰ 'ਤੇ ਅਪਨਾਉਣ ਲਈ ਪ੍ਰੇਰਿਤ ਕੀਤਾ ਗਿਆ। ਇਸ ਮੌਕੇ ਇਸ ਵਿਸ਼ੇ 'ਤੇ ਚਾਨਣਾ ਪਾਉਂਦਿਆਂ ਬਾਗਬਾਨੀ ਵਿਕਾਸ ਅਫਸਰ, ਡਾ. ਜਸਪ੍ਰੀਤ ਕੌਰ ਗਿੱਲ ਸਿੱਧੂ ਨੇ ਫੱਲ ਅਤੇ ਸਬਜੀਆਂ

ਦੀਪ੍ਰੋਸੈਸਿੰਗ ਅਤੇ ਪ੍ਰੀਜ਼ਰਵੇਸ਼ਨ ਦੀ ਜਾਣਕਾਰੀ ਦਿਤੀ. ਉਨ੍ਹਾਂ ਜੈਵਿਕ ਸਬਜ਼ੀਆਂ ਅਤੇ ਫਲਾਂ ਦੀ ਪੈਦਾਵਾਰ ਕਰਕੇ ਆਪਣੇ ਆਪ ਨੂੰ ਰੋਗ ਮੁਕਤ ਰੱਖਣ ਦੇ ਨਾਲ ਨਾਲ ਜਰੂਰੀ ਪੌਸ਼ਟਿਕ ਤੱਤਾਂ ਦੀ ਪੂਰਤੀ ਦੇ ਸਾਧਨ ਬਾਰੇ ਵੀ ਦੱਸਿਆ ਗਿਆ।

---------------------------------------------------------------------------------

ਸੂਬੇ ਦੇ ਬਿਜਲੀ ਮੰਤਰੀ ਹਰਭਜਨ ਸਿੰਘ ਈਟੀਓ ਨੇ ਐਲਾਨ ਕੀਤਾ ਏ ਕਿ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ (PSPCL) ਜਲਦ ਹੀ ਖੇਡ ਕੋਟੇ ਤਹਿਤ ਨਵੀਂਆਂ ਭਰਤੀਆਂ ਸ਼ੁਰੂ ਕਰੇਗਾ। ਇਸ ਪਹਿਲਕਦਮੀ ਦਾ ਉਦੇਸ਼ ਖਿਡਾਰੀਆਂ ਨੂੰ ਉਤਸ਼ਾਹਿਤ ਕਰਨਾ ਅਤੇ ਸੰਸਥਾ ਵਿੱਚ ਇੱਕ ਖੇਡ ਸੱਭਿਆਚਾਰ ਵਿਕਸਿਤ ਕਰਨਾ ਏ। PSPCL ਸਪੋਰਟਸ ਕੰਪਲੈਕਸ ਵਿਖੇ 46 ਵੇਂ, AIESCB ਰੱਸਾਕਸ਼ੀ ਟੂਰਨਾਮੈਂਟ ਦੇ ਸਮਾਪਤੀ ਸਮਾਰੋਹ ਨੂੰ ਸੰਬੋਧਨ ਕਰਦਿਆਂ, ਮੰਤਰੀ ਨੇ PSPCL ਵਿੱਚ ਖਿਡਾਰੀਆਂ ਲਈ ਤਰੱਕੀ ਨੀਤੀ ਲਿਆਉਣ ਦੀਆਂ ਯੋਜਨਾਵਾਂ ਬਾਰੇ ਦੱਸਿਆ। ਉਨ੍ਹਾਂ ਕਿਹਾ ਕਿ ਇਹ ਕਦਮ ਨਾ ਸਿਰਫ਼ ਸਾਡੇ ਖਿਡਾਰੀਆਂ ਦੇ ਯਤਨਾਂ ਨੂੰ ਮਾਨਤਾ ਦੇਵੇਗਾ ਬਲਕਿ ਸੂਬੇ ਭਰ ਵਿੱਚ ਖੇਡਾਂ ਪ੍ਰਤੀ ਉਤਸ਼ਾਹ ਦੀ ਇੱਕ ਲਹਿਰ ਵੀ ਪੈਦਾ ਕਰੇਗਾ। ਉਨ੍ਹਾਂ ਨੇ ਖੇਡਾਂ ਦੀ ਮਹੱਤਤਾ 'ਤੇ ਜ਼ੋਰ ਦਿੰਦਿਆਂ, ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਦੀ ਅਪੀਲ ਕੀਤੀ।

---

ਸੂਬੇ ਦੀਆਂ ਕੁੜੀਆਂ ਖੇਡਾਂ ‘ਚ ਨਾਂ ਰੌਸ਼ਨ ਕਰ ਰਹੀਆਂ ਨੇ. ISSF ਵਿਸ਼ਵ ਕੱਪ ਨਿਸ਼ਾਨੇਬਾਜ਼ੀ ਮੁਕਾਬਲਿਆਂ ਵਿੱਚ, ਜ਼ਿਲਾ ਫਰੀਦਕੋਟ ਦੀਆਂ ਖਿਡਾਰਨਾਂ, ਓਲੰਪੀਅਨ ਸਿਫਤ ਕੌਰ ਸਮਰਾ ਨੇ ਅਰਜਨਟੀਨਾ’ਚ 50 ਮੀਟਰ 3ਪੀ ਮੁਕਾਬਲੇ ਵਿੱਚ ਸੋਨੇ ਦਾ ਤਮਗਾ ਅਤੇ ਸਿਮਰਨਪ੍ਰੀਤ ਕੌਰ ਬਰਾੜ ਨੇ ਪੇਰੂ ‘ਚ 25 ਮੀਟਰ ਸਪੋਰਟਸ ਪਿਸਟਲ ਮੁਕਾਬਲੇ ਵਿੱਚ ਚਾਂਦੀ ਦਾ ਤਮਗਾ ਪ੍ਰਾਪਤ ਕਰਕੇ ਸ਼ੂਟਿੰਗ ਕੋਚਿੰਗ ਸੈਂਟਰ, ਫਰੀਦਕੋਟ ਅਤੇ ਪੰਜਾਬ ਦਾ ਨਾਂ ਰੌਸ਼ਨ ਕੀਤਾ ਏ। ਫਰੀਦਕੋਟ ਦੇ ਜਿਲ੍ਹਾ ਖੇਡ ਅਫਸਰ. ਬਲਜਿੰਦਰ ਸਿੰਘ ਨੇ ਉਨ੍ਹਾਂ ਦੀ ਇਸ ਪ੍ਰਾਪਤੀ ਤੇ ਖੇਡ ਵਿਭਾਗ ਦੇ ਕੋਚਾਂ ਨੂੰ ਵਧਾਈ ਦਿੱਤੀ ਏ. ਉਧਰ ਸ਼ੂਟਿੰਗ ਐਸੋਸੀਏਸ਼ਨ ਫਰੀਦਕੋਟ ਵੱਲੋ ਉਨ੍ਹਾਂ ਦੀ ਸ਼ਲਾਘਾ ਕੀਤੀ ਗਈ.

---

ਪੰਜਾਬ ਸਰਕਾਰ ਵੱਲੋਂ ਨਸ਼ਿਆਂ ਦੇ ਖਾਤਮੇ ਲਈ ਵਿੱਢੀ ‘ਯੁੱਧ ਨਸ਼ਿਆਂ ਵਿਰੁੱਧ’ ਮੁਹਿੰਮ ਤਹਿਤ ਜਲੰਧਰ ਪ੍ਰਸ਼ਾਸਨ ਵੱਲੋਂ ਨਸ਼ਿਆਂ ਖਿਲਾਫ਼ ਜਾਗਰੂਕਤਾ ਲਈ 27 ਅਪ੍ਰੈਲ ਨੂੰ ‘ਦੌੜਦਾ ਪੰਜਾਬ’ ਮੈਰਾਥਨ ਕਰਵਾਈ ਜਾ ਰਹੀ ਏ।

---

- ਉਪ ਰਾਸ਼ਟਰਪਤੀ, ਜਗਦੀਪ ਧਨਖੜ ਨੇ ਕਿਹਾ ਏ ਕਿ ਸੰਵਿਧਾਨ ਦੇ ਮਜ਼ਮੂਨ ਨੂੰ ਤੈਅ ਕਰਨ ਵਿੱਚ, ਚੁਣੇ ਹੋਏ ਨੁਮਾਇੰਦੇ ਸਰਬਉੱਚ ਮਾਹਿਰ ਨੇ।
- ਅੱਜ ਵਿਸ਼ਵ ਧਰਤੀ ਦਿਵਸ ਏ। ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਧਰਤੀ ਦੀ ਰੱਖਿਆ ਅਤੇ ਸੁਧਾਰ ਦੀ ਲੋੜ 'ਤੇ ਜ਼ੋਰ ਦਿੱਤਾ ਏ ।
- ਸੂਬਾ ਸਰਕਾਰ ਵੱਲੋਂ, ਮਾਲੀ ਸਾਲ 2025-26 ਲਈ ਦਰਜਾ-4 (ਗਰੁੱਪ-ਡੀ) ਦੇ ਮੁਲਾਜ਼ਮਾਂ ਲਈ ਕਣਕ ਖਰੀਦਣ ਵਾਸਤੇ, ਵਿਆਜ ਮੁਕਤ ਕਰਜ਼ਾ, ਵਧਾ ਕੇ 9 ਹਜ਼ਾਰ 700 ਰੁਪਏ ਕਰ ਦਿੱਤਾ ਗਿਆ ਏ ।
- ਸੂਬੇ ਦੇ ਮਾਲ ਵਿਭਾਗ ਵਿੱਚ ਚੱਲ ਰਹੇ ਸੁਧਾਰਾਂ ਦੇ ਸੰਬੰਧ'ਚ 56 ਤਹਿਸੀਲਦਾਰ ਅਤੇ 166 ਨਾਇਬ ਤਹਿਸੀਲਦਾਰਾਂ ਦੇ ਤਬਾਦਲੇ ਕੀਤੇ ਗਏ ਨੇ.
- ਬਿਜਲੀ ਮੰਤਰੀ ਹਰਭਜਨ ਸਿੰਘ ਈਟੀਓ ਨੇ ਐਲਾਨ ਕੀਤਾ ਏ ਕਿ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ ਜਲਦੀ ਹੀ ਖੇਡ ਕੋਟੇ ਤਹਿਤ ਨਵੀਂਆਂ ਭਰਤੀਆਂ ਸ਼ੁਰੂ ਕਰੇਗਾ।